ਸੋਰਠਿ ਮਹਲਾ ੧ ਪੰਚਪਦੇ ॥ ਅਪਨਾ ਘਰੁ ਮੂਸਤ ਰਾਖਿ ਨ ਸਾਕਹਿ ਕੀ ਪਰ ਘਰੁ ਜੋਹਨ ਲਾਗਾ ॥ ਘਰੁ ਦਰੁ ਰਾਖਹਿ ਜੇ ਰਸੁ ਚਾਖਹਿ ਜੋ ਗੁਰਮੁਖਿ ਸੇਵਕੁ ਲਾਗਾ ॥੧॥ ਮਨ ਰੇ ਸਮਝੁ ਕਵਨ ਮਤਿ ਲਾਗਾ ॥ ਨਾਮੁ ਵਿਸਾਰਿ ਅਨ ਰਸ ਲੋਭਾਨੇ ਫਿਰਿ ਪਛੁਤਾਹਿ ਅਭਾਗਾ ॥ ਰਹਾਉ ॥ ਆਵਤ ਕਉ ਹਰਖ ਜਾਤ ਕਉ ਰੋਵਹਿ ਇਹੁ ਦੁਖੁ ਸੁਖੁ ਨਾਲੇ ਲਾਗਾ ॥ ਆਪੇ ਦੁਖ ਸੁਖ ਭੋਗਿ ਭੋਗਾਵੈ ਗੁਰਮੁਖਿ ਸੋ ਅਨਰਾਗਾ ॥੨॥ ਹਰਿ ਰਸ ਊਪਰਿ ਅਵਰੁ ਕਿਆ ਕਹੀਐ ਜਿਨਿ ਪੀਆ ਸੋ ਤ੍ਰਿਪਤਾਗਾ ॥ ਮਾਇਆ ਮੋਹਿਤ ਜਿਨਿ ਇਹੁ ਰਸੁ ਖੋਇਆ ਜਾ ਸਾਕਤ ਦੁਰਮਤਿ ਲਾਗਾ ॥੩॥ ਮਨ ਕਾ ਜੀਉ ਪਵਨਪਤਿ ਦੇਹੀ ਦੇਹੀ ਮਹਿ ਦੇਉ ਸਮਾਗਾ ॥ ਜੇ ਤੂ ਦੇਹਿ ਤ ਹਰਿ ਰਸੁ ਗਾਈ ਮਨੁ ਤ੍ਰਿਪਤੈ ਹਰਿ ਲਿਵ ਲਾਗਾ ॥ ੪॥ ਸਾਧਸੰਗਤਿ ਮਹਿ ਹਰਿ ਰਸੁ ਪਾਈਐ ਗੁਰਿ ਮਿਲਿਐ ਜਮ ਭਉ ਭਾਗਾ ॥ ਨਾਨਕ ਰਾਮ ਨਾਮੁ ਜਪਿ ਗੁਰਮੁਖਿ ਹਰਿ ਪਾਏ ਮਸਤਕਿ ਭਾਗਾ ॥੫॥੧੦॥ {ਪੰਨਾ 598}

ਪਦਅਰਥ:- ਪੰਚਪਦੇ—ਪੰਜ ਪੰਜ ਬੰਦਾਂ ਵਾਲੇ ਸ਼ਬਦ।

ਘਰੁ—ਆਤਮਕ ਜੀਵਨ। ਮੂਸਤ—ਚੁਰਾਇਆ ਜਾ ਰਿਹਾ ਹੈ। ਕੀ—ਕਿਉਂ? ਜੋਹਨ ਲਾਗਾ—ਤੱਕ ਰਿਹਾ ਹੈਂ, ਛਿੱਦ੍ਰ ਲੱਭ ਰਿਹਾ ਹੈਂ।1।

ਅਨ ਰਸ—ਹੋਰ ਰਸਾਂ ਵਿਚ। ਅਭਾਗਾ—ਭਾਗ-ਹੀਣ। ਰਹਾਉ।

ਹਰਖ—ਖ਼ੁਸ਼ੀ। ਨਾਲੇ—ਨਾਲ ਹੀ, ਸਦਾ ਨਾਲ। ਭੋਗਿ—ਭੋਗ ਵਿਚ। ਅਨਰਾਗਾ—ਰਾਗ-ਰਹਿਤ, ਨਿਰਮੋਹ।2।

ਊਪਰਿ—ਵਧੀਆ। ਜਿਨਿ—ਜਿਸ ਨੇ। ਤ੍ਰਿਪਤਾਗਾ—ਰੱਜ ਗਿਆ। ਖੋਇਆ—ਗਵਾ ਲਿਆ। ਜਾ—ਜਾਇ, ਜਾ ਕੇ। ਸਾਕਤ—ਮਾਇਆ-ਵੇੜ੍ਹੇ ਮਨੁੱਖ।3।

ਜੀਉ—ਜਿੰਦ, ਆਸਰਾ। ਪਵਨ—ਪ੍ਰਾਣ। ਦੇਹੀ—ਦੇਹ ਦਾ ਮਾਲਕ। ਦੇਹੀ—ਸਰੀਰ। ਦੇਉ—ਪ੍ਰਕਾਸ਼-ਰੂਪ ਪ੍ਰਭੂ। ਗਾਈ—ਮੈਂ ਗਾਵਾਂ।4।

ਗੁਰਿ—ਗੁਰੂ ਦੀ ਰਾਹੀਂ। ਮਿਲਿਐ—ਮਿਲੇ ਦੀ ਰਾਹੀਂ। ਗੁਰਿ ਮਿਲਿਐ—ਜੇ ਗੁਰੂ ਮਿਲ ਪਏ। ਮਸਤਕਿ—ਮੱਥੇ ਉਤੇ।5।

ਅਰਥ:- ਹੇ ਮਨ! ਹੋਸ਼ ਕਰ, ਕਿਸ ਭੈੜੀ ਮਤ ਵਿਚ ਲਗ ਪਿਆ ਹੈਂ? ਹੇ ਭਾਗ-ਹੀਣ! ਪਰਮਾਤਮਾ ਦਾ ਨਾਮ ਭੁਲਾ ਕੇ ਹੋਰ ਹੋਰ ਸੁਆਦਾਂ ਵਿਚ ਮਸਤ ਹੋ ਰਿਹਾ ਹੈਂ, (ਵੇਲਾ ਬੀਤ ਜਾਣ ਤੇ) ਫਿਰ ਪਛਤਾਵੇਂਗਾ। ਰਹਾਉ।

ਹੇ ਮਨ! ਤੇਰਾ ਆਪਣਾ ਆਤਮਕ ਜੀਵਨ ਲੁੱਟਿਆ ਜਾ ਰਿਹਾ ਹੈ ਉਸ ਨੂੰ ਤੂੰ ਬਚਾ ਨਹੀਂ ਸਕਦਾ, ਪਰਾਏ ਐਬ ਕਿਉਂ ਫੋਲਦਾ ਫਿਰਦਾ ਹੈਂ? ਆਪਣਾ ਘਰ ਬਾਰ (ਲੁੱਟੇ ਜਾਣ ਤੋਂ ਤਦੋਂ ਹੀ) ਬਚਾ ਸਕੇਂਗਾ ਜੇ ਤੂੰ ਪ੍ਰਭੂ ਦੇ ਨਾਮ ਦਾ ਸੁਆਦ ਚੱਖੇਂਗਾ (ਨਾਮ-ਰਸ ਉਹੀ) ਸੇਵਕ (ਚੱਖਦਾ ਹੈ) ਜੋ ਗੁਰੂ ਦੇ ਸਨਮੁਖ ਰਹਿ ਕੇ (ਸੇਵਾ ਵਿਚ) ਲੱਗਦਾ ਹੈ।

ਹੇ ਮਨ! ਤੂੰ ਆਉਂਦੇ ਧਨ ਨੂੰ ਵੇਖ ਕੇ ਖ਼ੁਸ਼ ਹੁੰਦਾ ਹੈਂ, ਜਾਂਦੇ ਨੂੰ ਵੇਖ ਕੇ ਰੋਂਦਾ ਹੈਂ, ਇਹ ਦੁੱਖ ਤੇ ਸੁਖ ਤੇਰੇ ਨਾਲ ਹੀ ਚੰਬੜਿਆ ਚਲਿਆ ਆ ਰਿਹਾ ਹੈ (ਪਰ ਤੇਰੇ ਭੀ ਕੀਹ ਵੱਸ?) ਪ੍ਰਭੂ ਆਪ ਹੀ (ਜੀਵ ਨੂੰ ਉਸ ਦੇ ਕੀਤੇ ਕਰਮਾਂ ਅਨੁਸਾਰ) ਦੁੱਖਾਂ ਤੇ ਸੁਖਾਂ ਦੇ ਭੋਗ ਵਿਚ ਰੁਝਾ ਕੇ (ਦੁੱਖ ਸੁਖ) ਭੋਗਾਂਦਾ ਹੈ। (ਸਿਰਫ਼) ਉਹ ਮਨੁੱਖ ਨਿਰਮੋਹ ਰਹਿੰਦਾ ਹੈ ਜੋ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ।2।

(ਹੇ ਮਨ!) ਪਰਮਾਤਮਾ ਦੇ ਨਾਮ ਦੇ ਰਸ ਤੋਂ ਵਧੀਆ ਹੋਰ ਕੋਈ ਰਸ ਕਿਹਾ ਨਹੀਂ ਜਾ ਸਕਦਾ। ਜਿਸ ਮਨੁੱਖ ਨੇ ਇਹ ਰਸ ਪੀਤਾ ਹੈ ਉਹ (ਦੁਨੀਆ ਦੇ ਹੋਰ ਰਸਾਂ ਵਲੋਂ) ਰੱਜ ਜਾਂਦਾ ਹੈ। ਪਰ ਜਿਸ ਮਨੁੱਖ ਨੇ ਮਾਇਆ ਦੇ ਮੋਹ ਵਿਚ ਫਸ

ਕੇ ਇਹ (ਨਾਮ-) ਰਸ ਗਵਾ ਲਿਆ ਹੈ ਉਹ ਮਾਇਆ-ਵੇੜ੍ਹੇ ਬੰਦਿਆਂ ਦੀ ਭੈੜੀ ਮਤਿ ਵਿਚ ਜਾ ਲੱਗਦਾ ਹੈ।3।

ਜੋ ਪ੍ਰਕਾਸ਼-ਰੂਪ ਪਰਮਾਤਮਾ ਸਾਡੇ ਮਨ ਦਾ ਸਹਾਰਾ ਹੈ, ਪ੍ਰਾਣਾਂ ਦਾ ਮਾਲਕ ਹੈ, ਸਰੀਰ ਦਾ ਮਾਲਕ ਹੈ ਉਹ ਸਾਡੇ ਸਰੀਰ ਵਿਚ ਹੀ ਮੌਜੂਦ ਹੈ (ਪਰ ਸਾਨੂੰ ਇਹ ਸਮਝ ਨਹੀਂ ਪੈਂਦੀ, ਅਸੀਂ ਬਾਹਰ ਹੀ ਭਟਕਦੇ ਰਹਿੰਦੇ ਹਾਂ)। ਹੇ ਪ੍ਰਭੂ! ਜੇ ਤੂੰ ਆਪ ਮੈਨੂੰ ਆਪਣੇ ਨਾਮ ਦਾ ਰਸ ਬਖ਼ਸ਼ੇ ਤਾਂ ਹੀ ਮੈਂ ਤੇਰੇ ਗੁਣ ਗਾ ਸਕਦਾ ਹਾਂ। ਜਿਸ ਮਨੁੱਖ ਦੀ ਸੁਰਤਿ ਹਰੀ-ਸਿਮਰਨ ਵਿਚ ਜੁੜਦੀ ਹੈ ਉਸ ਦਾ ਮਨ ਮਾਇਆ ਵਲੋਂ ਰੱਜ ਜਾਂਦਾ ਹੈ।4।

ਹੇ ਨਾਨਕ! ਸਾਧ ਸੰਗਤਿ ਵਿਚ ਹੀ ਪਰਮਾਤਮਾ ਦੇ ਨਾਮ ਦਾ ਰਸ ਪ੍ਰਾਪਤ ਹੋ ਸਕਦਾ ਹੈ (ਸਾਧ ਸੰਗਤਿ ਵਿਚ) ਜੇ ਗੁਰੂ ਮਿਲ ਪਏ ਤਾਂ ਮੌਤ ਦਾ (ਭੀ) ਡਰ ਦੂਰ ਹੋ ਜਾਂਦਾ ਹੈ। ਜਿਸ ਮਨੁੱਖ ਦੇ ਮੱਥੇ ਉਤੇ ਚੰਗਾ ਲੇਖ ਉੱਘੜ ਪਏ, ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪਰਮਾਤਮਾ ਦਾ ਨਾਮ ਸਿਮਰ ਕੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ।5।10।